I/27826/2020

ਜ਼ਿਲਾ ਲੋਕ ਸੰਪਰਕ ਦਫਤਰ, ਗੁਰਦਾਸਪੁਰ।

ਗੁਰਦਾਸਪੁਰ ਰੇਲਵੇ ਸਟੇਸ਼ਨ ਤੋਂ ਦੂਜੀ ਵਿਸ਼ੇਸ ਰੇਲ ਗੱਡੀ ਰਾਹੀਂ 1600 ਪਰਵਾਸੀ ਮਜ਼ਦੂਰਾਂ ਨੂੰ ਬਿਹਾਰ ਸੂਬੇ ਲਈ ਕੀਤਾ ਰਵਾਨਾ

ਵਿਧਾਇਕ ਬਰਿੰਦਰਮੀਤ ਸਿੰਘ ਪਾਹੜਾ ਅਤੇ ਡਿਪਟੀ ਕਮਿਸ਼ਨਰ ਜਨਾਬ ਮੁਹੰਮਦ ਇਸ਼ਫਾਕ ਵਲੋਂ ਫੁੱਲਾਂ ਦੀ ਵਰਖਾ ਕਰਕੇ ਕੀਤੀ ਗਈ ਰਵਾਨਗੀ

ਆਪਣੇ ਘਰਾਂ ਨੂੰ ਪਰਤ ਰਹੇ ਪਰਵਸੀ ਮਜ਼ਦੂਰਾਂ ਵਲੋਂ ਪੰਜਾਬ ਸਰਕਾਰ ਦਾ ਧੰਨਵਾਦ

ਗੁਰਦਾਸਪੁਰ, 26 ਮਈ (          ) ਗੁਰਦਾਸਪੁਰ ਰੇਲੇਵੇ ਸਟੇਸ਼ਨ ਤੋਂ ਅੱਜ ਦੂਸਰੀ ਵਿਸ਼ੇਸ ਰੇਲਗੱਡੀ ਰਾਹੀਂ 1600 ਪਰਵਾਸੀ ਮਜ਼ਦੂਰਾਂ ਨੂੰ ਬਿਹਾਰ ਸੂਬੇ ਲਈ ਰਵਾਨਾ ਕੀਤਾ। ਰੇਲਲੇ ਸਟੇਸ਼ਨ 'ਤੇ ਫੁੱਲਾਂ ਦੀ ਵਰਖਾ ਨਾਲ ਸ. ਬਰਿੰਦਰਮੀਤ ਸਿੰਘ ਪਾਹੜਾ ਹਲਕਾ ਵਿਧਾਇਕ ਗੁਰਦਾਸਪੁਰ ਅਤੇ ਜਨਾਬ ਮੁਹੰਮਦ ਇਸ਼ਫਾਕ ਡਿਪਟੀ ਕਮਿਸ਼ਨਰ ਵਲੋਂ ਪਰਵਾਸੀ ਮਜ਼ਦੂਰਾਂ ਦਾ ਸ਼ਾਨਦਾਰ ਸਵਾਗਤ ਕਰਨ ਉਪਰੰਤ ਉਨਾਂ ਨੂੰ ਰਵਾਨਾ ਕੀਤਾ ਗਿਆ।

ਇਸ ਮੌਕੇ ਗੱਲਬਾਤ ਦੌਰਾਨ ਵਿਧਾਇਕ ਪਾਹੜਾ ਨੇ ਕਿਹਾ ਕਿ ਕੋਰੋਨਾ ਵਾਇਰਸ ਕਰਕੇ ਲਾਗੂ ਦੇਸ਼ ਵਿਆਪੀ ਲਾਕ ਡਾਊਨ ਕਰਕੇ ਆਪਣੇ ਘਰਾਂ ਨੂੰ ਵਾਪਸ ਜਾਣ ਦੇ ਚਾਹਵਾਨ ਹੋਰਨਾਂ ਰਾਜਾਂ ਦੇ ਵਸਨੀਕਾਂ ਨੂੰ ਆਪਣੇ ਘਰ ਭੇਜਣ ਲਈ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੀ ਵਿਸ਼ੇਸ਼ ਪਹਿਲਕਦਮੀ ਤਹਿਤ ਕੀਤੇ ਪ੍ਰਬੰਧਾਂ ਦੇ ਚਲਦਿਆਂ ਪਰਵਾਸੀ ਮਜ਼ਦੂਰਾਂ ਨੂੰ ਬਿਨਾਂ ਕਿਸੇ ਪ੍ਰੇਸ਼ਾਨੀ ਦੇ ਉਨਾਂ ਦੇ ਘਰਾਂ ਨੂੰ ਵਾਪਸ ਭੇਜਿਆ ਗਿਆ ਹੈ। ਉਨਾਂ ਨੇ ਅੱਗੇ ਕਿਹਾ ਕਿ ਪੰਜਾਬ ਸਰਕਾਰ ਨੇ ਇਸ ਔਖੀ ਘੜੀ ਵਿਚ ਪਰਵਾਸੀ ਮਜ਼ਦੂਰਾਂ ਦੀ ਬਾਂਹ ਫੜ•ੀ ਹੈ, ਸੂਬਾ ਸਰਕਾਰ ਵਲੋਂ ਪਰਵਾਸੀ ਮਜਦੂਰਾਂ ਨੂੰ ਉਨਾਂ ਦੇ ਜੱਦੀ ਰਾਜਾਂ ਅੰਦਰ ਭੇਜਣ ਲਈ ਪੁਖਤਾ ਪ੍ਰਬੰਧ ਕੀਤੇ ਗਏ ਹਨ ਅਤੇ ਉਨਾਂ ਦੇ ਜਾਣ ਦਾ ਸਾਰਾ ਖਰਚਾ ਪੰਜਾਬ ਸਰਕਾਰ ਵਲੋਂ ਕੀਤਾ ਗਿਆ ਹੈ। ਉਨਾਂ ਕਿਹਾ ਕਿ ਜਿਲਾ ਗੁਰਦਾਸਪੁਰ ਅੰਦਰ ਵੀ ਲਗਾਤਾਰ ਪਰਵਾਸੀ ਮਜਦੂਰਾਂ ਨੂੰ ਉਨਾਂ ਦੇ ਸੂਬਿਆਂ ਅੰਦਰ ਭੇਜੇ ਜਾਣ ਦੀ ਕਾਰਵਾਈ ਅਮਲ ਵਿਚ ਲਿਆਂਦੀ ਜਾ ਰਹੀ ਹੈ ਅਤੇ ਇਥੇ ਪਰਵਾਸੀ ਮਜਦੂਰਾਂ ਦੇ ਰਹਿਣ ਅਤੇ ਖਾਣਪੀਣ ਦੇ ਸਾਰੇ ਪ੍ਰਬੰਧ ਕੀਤੇ ਗਏ ਸਨ ਤੇ ਉਨਾਂ ਦੀ ਹਰ ਲੋੜੀਦੀ ਜਰੂਰਤ ਪੂਰੀ ਕੀਤੀ ਜਾ ਰਹੀ ਸੀ। ਉਨਾਂ ਕਿਹਾ ਕਿ ਜਿਲਾ ਪ੍ਰਸ਼ਾਸਨ ਦੀ ਸਮੁੱਚੀ ਟੀਮ ਵਲੋਂ ਪਰਵਾਸੀ ਮਜ਼ਦੂਰਾਂ ਨੂੰ ਘਰ ਵਾਪਸੀ ਲਈ ਸ਼ਲਾਘਾਯੋਗ ਉਪਰਾਲੇ ਕੀਤੇ ਹਨ।

ਇਸ ਮੌਕੇ ਡਿਪਟੀ ਕਮਿਸ਼ਨਰ ਜਨਾਬ ਮੁਹੰਮਦ ਇਸ਼ਫਾਕ ਨੇ ਕਿਹਾ ਕਿ ਜ਼ਿਲਾ ਪ੍ਰਸ਼ਾਸਨ ਵਲੋਂ ਪਰਵਾਸੀ ਮਜ਼ਦੂਰਾਂ ਨੂੰ ਗੁਰਦਾਸਪੁਰ ਜ਼ਿਲੇ ਅੰਦਰ ਰਹਿਣ ਲਈ ਵਿਸ਼ੇਸ ਪ੍ਰਬੰਧ ਕੀਤੇ ਗਏ ਸਨ ਅਤੇ ਉਨਾਂ ਨੂੰ ਹਰ ਲੋੜੀਦੀ ਸਹੂਲਤ ਪੁਜਦੀ ਕੀਤੀ ਗਈ ਹੈ। ਉਨਾਂ ਦੱਸਿਆ ਕਿ ਅੱਜ ਦੂਜੀ ਵਿਸ਼ੇਸ ਰੇਲਗੱਡੀ ਰਾਹੀਂ  1600 ਪਰਵਾਸੀ ਮਜਦੂਰਾਂ ਨੂੰ ਬਿਹਾਰ ਉਨਾਂ ਦੇ ਘਰ ਭੇਜਿਆ ਗਿਆ ਹੈ ਅਤੇ ਬੀਤੀ 19 ਮਈ ਨੂੰ ਗੁਰਦਾਸਪੁਰ ਰੇਲਵੇ ਸਟੇਸ਼ਨ ਤੇ 1195 ਪਰਵਾਸੀ ਮਜਦੂਰਾਂ ਨੂੰ ਉੱਤਰ ਪ੍ਰਦੇਸ਼ ਸਬੇ ਲਈ ਭੇਜਿਆ ਜਾ ਚੁੱਕਾ ਹੈ ਅਤੇ ਇਸ ਤੋਂ ਇਲਾਵਾ ਗੁਰਦਾਸਪੁਰ ਤੇ ਵਿਸ਼ੇਸ ਬੱਸਾਂ ਰਾਹੀਂ ਅੰਮ੍ਰਿਤਸਰ ਅਤੇ ਹੁਸ਼ਿਆਰਪਰ ਦੇ ਰੇਲਵੇ ਸਟੇਸ਼ਨਾਂ ਤੋਂ ਚੱਲੀਆਂ ਰੇਲ ਗੱਡੀਆਂ ਰਾਹੀਂ ਵੀ ਵੱਖ-ਵੱਖ ਸੂਬਿਆ ਨੂੰ ਭੇਜਿਆ ਗਿਆ ਹੈ। ਉਨਾਂ ਦੱਸਿਆ ਕਿ ਪੰਜਾਬ ਸਰਕਾਰ ਪਰਵਾਸੀ ਮਜਦੂਰਾਂ ਦਾ ਸਾਰਾ ਖਰਚ ਭਾਵ ਰੇਲਵੇ ਵਿਭਾਗ ਕੋਲੋ ਟਿਕਟਾਂ ਲੈ ਰਹੀ ਹੈ ਅਤੇ ਅੱਜ ਵੀ ਸਵੇਰੇ ਪਹਿਲਾਂ ਰੇਲਵੇ ਵਿਭਾਗ ਕੋਲੋਂ 10 ਲੱਖ 16 ਹਜ਼ਾਰ ਰੁਪਏ ਦੀਆਂ ਟਿਕਟਾਂ ਲੈਣ ਉਪਰੰਤ ਹੀ ਹੁਣ ਪਰਵਾਸੀ ਮਜਦੂਰਾਂ ਵਾਪਸ ਭੇਜਿਆ ਗਿਅ ਹੈ।

ਡਿਪਟੀ ਕਮਿਸ਼ਨਰ ਨੇ ਅੱਗੇ ਦੱਸਿਆ ਕਿ ਪਰਵਾਸੀ ਮਜਦੂਰਾਂ ਨੂੰ ਸਰਕਾਰੀ ਕਾਲਜ, ਗੁਰਦਾਸਪੁਰ ਅਤੇ ਰਾਧਾ ਸੁਆਮੀ ਸਤਿਸੰਗ ਘਰ, ਖਤੀਬ, ਬਾਈਪਾਸ ਬਟਾਲਾ ਵਿਖੇ ਪਹਿਲਾਂ ਇਕੱਤਰ ਕੀਤਾ ਗਿਆ ਸੀ। ਉਪਰੰਤ ਉਨਾਂ ਦੀ ਰਜਿਸ਼ਟਰੇਸ਼ਨ ਅਤੇ ਮੈਡੀਕਲ ਸਕਰੀਨਿੰਗ ਕੀਤੀ ਗਈ ਅਤੇ ਖਾਣ ਤੇ ਪੀਣ ਦੀਆਂ ਵਸਤਾਂ ਦੇ ਕੇ ਸਮਾਜਿਕ ਦੂਰੀ ਦਾ ਧਿਆਨ ਰੱਖਦਿਆਂ ਹੀ ਰਵਾਨਾ ਕੀਤਾ ਗਿਆ ਹੈ। ਯਾਤਰੀਆਂ ਨੂੰ ਪੀਣ ਲਈ

ਪਾਣੀ ਦੀਆਂ ਬੋਤਲਾਂ, ਚਨੇ, ਗੁੜ, ਬਿਸਕੁਟ , ਫਲ ਅਤੇ ਡਰਾਈ ਰਾਸ਼ਨ ਦਿੱਤਾ ਗਿਆ ਹੈ ਤਾਂ ਜੋ ਰਸਤੇ ਵਿਚ ਉਨਾਂ ਨੂੰ ਖਾਣਪੀਣ ਦੀ ਕੋਈ ਮੁਸ਼ਕਿਲ ਨਾ ਆਵੇ। ਉਨਾਂ ਦੱਸਿਆ ਕਿ ਜਿਲੇ ਵਿਚੋਂ ਜਿਆਦਾਤਰ ਪਰਵਾਸੀ ਮਜਦੂਰ ਆਪਣੇ ਪਿੱਤਰੀ ਸੂਬਿਆਂ ਨੂੰ ਪਰਤ ਚੁੱਕੇ ਹਨ ਅਤੇ ਜੋ ਥੋੜੇ ਬਾਕੀ ਰਹਿ ਗਏ ਹਨ, ਉਨਾਂ ਨੂੰ ਜਲਦ ਭੇਜਿਆ ਜਾਵੇਗੀ।

ਸਰਕਾਰੀ ਕਾਲਜ ਗੁਰਦਾਸਪੁਰ ਤੋਂ ਰਵਾਨਾ ਹੋਏ ਬਿਹਾਰ ਦੇ ਨਿਵਾਸੀ ਯਾਤਰੀਆਂ ਨੇ ਵੀ ਭਾਵੁਕ ਹੁੰਦਿਆਂ ਕੈਪਟਨ ਅਮਰਿੰਦਰ ਸਿੰਘ ਮੁੱਖ ਮੰਤਰੀ ਪੰਜਾਬ ਦਾ ਧੰਨਵਾਦ ਕਰਦਿਆਂ ਕਿਹਾ ਕਿ ਅੱਜ ਜਿਲਾ ਪ੍ਰਸ਼ਾਸਨ ਵਲੋਂ ਉਨਾਂ ਨੂੰ ਬਹੁਤ ਇੱਜ਼ਤ ਮਾਣ ਨਾਲ ਰਵਾਨਾ ਕੀਤਾ ਗਿਆ ਹੈ, ਜਿਸ ਲਈ ਉਹ ਹਮੇਸ਼ਾ ਰਿਣੀ ਰਹਿਣਗੇ। ਉਨਾਂ ਦੱਸਿਆ ਕਿ ਜਿਲਾ ਪ੍ਰਸ਼ਾਸਨ ਵਲੋਂ ਉਨਾਂ ਇਥੇ ਕੋਈ ਮੁਸ਼ਕਿਲ ਨਹੀਂ ਆਉਣ ਦਿੱਤੀ ਗਈ ਤੇ ਹਰ ਲੋੜੀਦੀ ਸਹੂਲਤ ਪੁਜਦਾ ਕੀਤੀ ਗਈ ਸੀ। ਨਾਲ ਹੀ ਉਨਾਂ ਇਹ ਵੀ ਕਿਹਾ ਕਿ ਉਹ ਲਾਕਡਾਊਨ ਖੁੱਲ•ਣ ਬਾਅਦ ਗੁਰਦਾਸਪੁਰ ਜਰੂਰ ਵਾਪਸ ਆਉਣਗੇ। ਯਾਤਰੀਆਂ ਨੇ ਕਿਹਾ ਕਿ ਉਹ ਵਾਪਸ ਤਾਂ ਨਹੀਂ ਸੀ ਜਾਣਾ ਚਾਹੁੰਦੇ ਪਰੰਤੂ ਕੋਰੋਨਾਵਾਇਰਸ ਕਰਕੇ ਮਜ਼ਬੂਰੀ ਵਸ ਹੀ ਆਪਣੇ ਘਰਾਂ ਨੂੰ ਵਾਪਸ ਜਾ ਰਹੇ ਹਨ।

ਇਸ ਮੌਕੇ ਸਰਵ ਸ੍ਰੀ ਤੇਜਿੰਦਰਪਾਲ ਸਿੰਘ ਸੰਧੂ ਵਧੀਕ ਡਿਪਟੀ ਕਮਿਸ਼ਨਰ (ਜ), ਸਕੱਤਰ ਸਿੰਘ ਬੱਲ ਐਸ.ਡੀ.ਐਮ ਗੁਰਦਾਸਪੁਰ, ਰਮਨ ਕੋਛੜ ਸਹਾਇਕ ਕਮਿਸ਼ਨਰ (ਜ)-ਕਮ-ਐਸ.ਡੀ.ਐਮ ਦੀਨਾਨਗਰ, ਮੈਡਮ ਅਮਨਦੀਪ ਕੋਰ ਸਹਾਇਕ ਕਮਿਸ਼ਨਰ (ਸ਼ਿਕਾਇਤਾਂ), ਬਲਦੇਵ ਸਿੰਘ ਰੰਧਾਵਾ ਆਰ.ਟੀ.ਏ ਗੁਰਦਾਸਪੁਰ, ਸ. ਹਰਵਿੰਦਰ ਸਿੰਘ ਐਸ.ਪੀ (ਡੀ),ਚੇਅਰਮੈਨ ਐਡਵੋਕੈਟ ਬਲਜੀਤ ਸਿੰਘ ਪਾਹੜਾ, ਅਰਵਿੰਦ ਸਲਵਾਨ ਤਹਿਸਲੀਦਾਰ ਗੁਰਦਾਸਪੁਰ, ਮਨਜੀਤ ਸਿੰਘ ਤਹਿਸੀਲਦਾਰ, ਦਰਸ਼ਨ ਮਹਾਜਨ ਸੀਨੀਅਰ ਕਾਂਗਰਸੀ ਆਗੂ, ਗੁਰਵਿੰਦਰਪਾਲ ਕਾਂਗਰਸੀ ਆਗੂ, ਤਰਸੇਮ ਲਾਲ ਨਾਇਬ ਤਹਿਸਲੀਦਾਰ, ਐਚ.ਐਸ ਗਿੱਲ ਨਾਇਬ ਤਹਿਸਲੀਦਾਰ, ਰੋਬਨਜੀਤ ਕੋਰ ਨਾਇਬ ਤਹਿਸੀਲਦਾਰ, ਐਨ.ਪੀ ਸਿੰਘ ਐਕਸੀਅਨ ਵਾਟਰ ਸਪਲਾਈ ਤੇ ਸੈਨੀਟੇਸ਼ਨ ਵਿਭਾਗ-ਕਮ –ਨੋਡਲ ਅਫਸਰ ਗੁਰਦਾਸਪੁਰ, ਪਰਮਿੰਦਰ ਸਿੰਘ ਸੈਣੀ ਜਿਲਾ ਗਾਈਡੈਂਸ ਕਾਊਂਸਲਰ, ਕੰਵਰਜੀਤ ਰੱਤੜਾ ਐਸ.ਡੀ.ਓ, ਪਰਮਿੰਦਰ ਸਿੰਘ ਡੀ.ਐਸ.ਪੀ ਆਦਿ ਮੋਜੂਦ ਸਨ।

I/27830/2020

ਜ਼ਿਲਾ ਲੋਕ ਸੰਪਰਕ ਦਫਤਰ, ਗੁਰਦਾਸਪੁਰ।

ਆਪਸੀ ਦੂਰੀ ਦੇ ਨਾਲ-ਨਾਲ ਮਾਸਕ ਪਹਿਨਣਾ ਵੀ ਲੋਕਾਂ ਵਿਚ ਕਰੋਨਾ ਵਾਇਰਸ ਨੂੰ ਫੈਲਣ ਤੋਂ ਘਟਾ ਸਕਦਾ ਹੈ-ਸਿਵਲ ਸਰਜਨ

ਜਨਤਕ ਹਿੱਤਾਂ ਦੇ ਮੱਦੇਨਜ਼ਰ ਹਰ ਵਿਅਕਤੀ ਨੂੰ ਜਨਤਕ ਥਾਵਾਂ 'ਤੇ ਜਾਣ ਸਮੇਂ ਮਾਸਕ ਲਾਜ਼ਮੀ ਤੋਰ 'ਤੇ ਪਾਉਣਾ ਚਾਹੀਦਾ ਹੈ

ਗੁਰਦਾਸਪੁਰ, 26 ਮਈ ( ) ਡਾ. ਕਿਸ਼ਨ ਚੰਦ ਸਿਵਲ ਸਰਜਨ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਹਰ ਵਿਅਕਤੀ ਲਈ ਮਾਸਕ ਪਾਉਣਾ ਲਾਜ਼ਮੀ ਕਰਾਰ ਦਿੱਤਾ ਹੈ। ਉਨਾਂ ਦੱਸਿਆ ਕਿ ਮੈਡੀਕਲ ਸੋਧਾਂ ਵਿਚ ਸੰਕੇਤ ਮਿਲੇ ਹਨ ਕਿ ਆਪਸੀ ਦੂਰੀ ਦੇ ਨਾਲ-ਨਾਲ ਮਾਸਕ ਪਹਿਨਣਾ ਵੀ ਲੋਕਾਂ ਵਿਚ ਕਰੋਨਾ ਵਾਇਰਸ ਨੂੰ ਫੈਲਣ ਤੋਂ ਘਟਾ ਸਕਦਾ ਹੈ। ਇਸ ਤੋਂ ਇਲਾਵਾ ਭਾਰਤ ਸਰਕਾਰ ਨੇ ਵੀ ਮੈਡੀਕਲ ਮਾਸਕਾਂ ਸਣੇ ਘਰ ਵਿਚ ਬਣਾਏ ਮਾਸਕ ਪਹਿਨਣ ਸਬੰਧੀ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਹਨ। ਇਸ ਲਈ ਜਨਤਕ ਹਿੱਤਾਂ ਦੇ ਮੱਦੇਨਜ਼ਰ ਹਰ ਵਿਅਕਤੀ ਨੂੰ ਜਨਤਕ ਥਾਵਾਂ 'ਤੇ ਜਾਣ ਸਮੇਂ ਮਾਸਕ ਪਹਿਨਣਾ ਲਾਜ਼ਮੀ ਹੈ।

ਉਨਾਂ ਦੱਸਿਆ ਕਿ ਕਿਸੇ ਵੀ ਵਿਅਕਤੀ ਲਈ ਜਨਤਕ ਥਾਂ, ਗਲੀਆਂ, ਹਸਪਤਾਲ, ਦਫਤਰ ਤੇ ਮਾਰਕਿਟ ਆਦਿ ਜਾਣ ਸਮੇਂ ਸੂਤੀ ਕੱਪੜੇ ਦਾ ਮਾਸਕ ਜਾਂ ਟ੍ਰਿਪਲ ਲੇਅਰ ਮਾਸਕ ਪਾਉਣਾ ਜਰੂਰੀ ਹੈ। ਕਿਸੇ ਵੀ ਵਾਹਨ ਵਿਚ ਸਫ਼ਰ ਕਰ ਰਿਹਾ ਵਿਅਕਤੀ ਵੀ ਮਾਸਕ ਜਰੂਰ ਪਾਵੇ। ਕਿਸੇ ਵੀ ਦਫਤਰ/ਕੰਮ ਦੇ ਸਥਾਨ, ਕਾਰਖਾਨੇ ਆਦਿ ਵਿਚ ਕੰਮ ਕਰਨ ਵਾਲਾ ਹਰ ਵਿਅਕਤੀ ਵੀ ਲਾਜ਼ਮੀ ਤੋਰ ਤੇ ਮਾਸਕ ਪਾਵੇ।

ਸਿਵਲ ਸਰਜਨ ਨੇ ਦੱਸਿਆ ਕਿ ਮੈਡੀਕਲ ਮਾਸਕਾਂ ਤੋਂ ਇਲਾਵਾ ਘਰ ਵਿਚ ਸੂਤੀ ਕੱਪੜੇ ਨਾਲ ਤਿਆਰ ਕੀਤਾ ਗਿਆ ਮਾਸਕ ਵੀ ਪਾਇਆ ਜਾ ਸਕਦਾ ਹੈ, ਜਿਸ ਨੂੰ ਸਾਬਣ/ਡਿਟਰਜੈਂਟ ਨਾਲ ਚੰਗੀ ਤਰਾਂ ਧੋ ਕੇ ਦੁਬਾਰਾ ਵਰਤੋਂ ਵਿਚ ਲਿਆਂਦਾ ਜਾ ਸਕਦਾ ਹੈ। ਜੇਕਰ ਮਾਸਕ ਉਪਲਬੱਧ ਨਹੀ ਹੈ ਤਾਂ ਰੁਮਾਲ, ਦੁਪੱਟੇ ਤੇ ਪਰਨੇ ਆਦਿ ਦੀ ਵਰਤੋਂ ਵੀ ਕੀਤੀ ਜਾ ਸਕਦਾ ਹੈ। ਉਨਾਂ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਐਪੀਡੈਮਿਕ ਡਿਜ਼ੀਜ ਐਕਟ ਤਹਿਤ ਆਦੇਸ਼ ਜਾਰੀ ਕੀਤੇ ਗਏ ਹਨ ਅਤੇ ਉਲੰਘਣਾ ਕਰਨ 'ਚੇ ਕਾਨੂੰਨੀ ਕਾਰਵਾਈ ਹੋਵੇਗੀ।

I/27832/2020

ਜ਼ਿਲਾ ਲੋਕ ਸੰਪਰਕ ਦਫ਼ਤਰ, ਗੁਰਦਾਸਪੁਰ।

ਸਿਹਤ ਵਿਭਾਗ ਵਲੋਂ ਕੋਵਿਡ-19 ਤੋਂ ਬਚਾਅ ਸਬੰਧੀ ਨਾਈ ਦੀਆਂ ਦੁਕਾਨਾਂ ਅਤੇ ਹੇਅਰ ਕੱਟ ਸਲੂਨਜ਼ ਲਈ ਵਿਸ਼ੇਸ਼ ਐਡਵਾਇਜ਼ਰੀ ਜਾਰੀ

ਗੁਰਦਾਪੁਰ, 26 ਮਈ ( ) ਡਾ. ਕਿਸ਼ਨ ਚੰਦ ਸਿਵਲ ਸਰਜਨ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਵੱਲੋਂ ਕਰੋਨਾ ਵਾਇਰਸ ਤੋਂ ਬਚਾਅ ਲਈ ਨਾਈ ਦੀਆਂ ਦੁਕਾਨਾਂ ਤੇ ਹੇਅਰ ਕੱਟ ਸਲੂਨਜ਼ ਲਈ ਸਫ਼ਾਈ ਤੇ ਸੈਨੇਟਾਈਜੇਸ਼ਨ ਸਬੰਧੀ ਵਿਸ਼ੇਸ਼ ਐਡਵਾਇਜ਼ਰੀ ਜਾਰੀ ਕੀਤੀ ਗਈ ਹੈ।

ਉਨਾਂ ਦੱਸਿਆ ਕਿ ਨਾਈ ਦੀਆਂ ਦੁਕਾਨਾਂ ਅਤੇ ਹੇਅਰ ਕੱਟ ਸਲੂਨਜ਼ ਵਿਚ ਗ੍ਰਾਹਕ ਅਤੇ ਦੁਕਾਨਾਂ ਦਾ ਸਟਾਫ਼ ਬਹੁਤ ਕਰੀਬੀ ਸੰਪਰਕ ਵਿਚ ਆਉਂਦੇ ਹਨ, ਜਿਸ ਨਾਲ ਕਰੋਨਾ ਵਾਇਰਸ ਫੈਲਣ ਦਾ ਖ਼ਤਰਾ ਵਧ ਜਾਂਦਾ ਹੈ, ਇਸੇ ਲਈ ਸਰਕਾਰ ਵੱਲੋਂ ਇਹਨਾਂ ਦੁਕਾਨਾਂ ਲਈ ਸਫ਼ਾਈ ਤੇ ਸੈਨੇਟਾਈਜੇਸ਼ਨ ਸਬੰਧੀ ਇਹ ਵਿਸ਼ੇਸ਼ ਅਡਵਾਇਜ਼ਰੀ ਜਾਰੀ ਕੀਤੀ ਗਈ ਹੈ। ਉਨਾਂ ਹਦਾਇਤ ਕੀਤੀ ਕਿ ਨਾਈ ਦੀਆਂ ਦੁਕਾਨਾਂ ਤੇ ਹੇਅਰ ਕੱਟ ਸਲੂਨ ਇਹ ਯਕੀਨੀ ਬਣਾਉਣ ਕਿ ਜੇਕਰ ਕਿਸੇ ਸਟਾਫ਼ ਮੈਂਬਰ ਨੂੰ ਕਰੋਨਾ ਦੇ ਲੱਛਣ ਬੁਖ਼ਾਰ, ਸੁੱਕੀ ਖੰਘ ਜਾਂ ਸਾਹ ਲੈਣ ਵਿੱਚ ਤਕਲੀਫ਼ ਆਦਿ ਹੋਵੇ ਤਾਂ ਅਜਿਹੇ ਵਿਅਕਤੀ ਘਰ ਹੀ ਰਹਿਣ ਅਤੇ ਮੈਡੀਕਲ ਸਲਾਹ ਲਈ ਜਾਵੇ ਅਤੇ ਅਜਿਹੇ ਲੱਛਣਾਂ ਵਾਲੇ ਗ੍ਰਾਹਕ ਨੂੰ ਵੀ ਅਟੈਂਡ ਨਾ ਕੀਤਾ ਜਾਵੇ। ਜਿਥੋਂ ਤੱਕ ਸੰਭਵ ਹੋਵੇ ਗ੍ਰਾਹਕ ਦੇ ਨਾਲ ਕਿਸੇ ਨੂੰ ਆਉਣ ਦੀ ਆਗਿਆ ਨਾ ਦਿੱਤੀ ਜਾਵੇ ਅਤੇ ਮਾਲਿਕ ਇਹ ਵੀ ਯਕੀਨੀ ਬਣਾਵੇ ਕਿ ਦੁਕਾਨ 'ਤੇ ਵਾਧੂ ਇਕੱਠ ਨਾ ਹੋਵੇ।

ਉਨਾਂ ਨੇ ਅੱਗੇ ਕਿਹਾ ਕਿ ਇਨਾਂ ਦੁਕਾਨਾਂ ਦੇ ਮਾਲਿਕ ਅਤੇ ਸਟਾਫ਼ ਮੈਂਬਰਾਂ ਵੱਲੋਂ ਮਾਸਕ ਪਹਿਨਣਾ ਲਾਜ਼ਮੀ ਹੈ ਜਦੋਂ ਕਿ ਗ੍ਰਾਹਕ ਵੱਲੋਂ ਵੀ ਜਿਥੋਂ ਤੱਕ ਸੰਭਵ ਹੋਵੇ ਮਾਸਕ ਪਹਿਨਿਆ ਜਾਵੇ। ਇਸਦੇ ਨਾਲ ਨਾਲ ਗ੍ਰਾਹਕ ਅਤੇ ਸਟਾਫ਼ ਦੇ ਸੰਪਰਕ ਵਿਚ ਆਉਣ ਸਮੇਂ ਕਰੋਨਾ ਦੀ ਰੋਕਥਾਮ ਸਬੰਧੀ ਸਮੇਂ ਸਮੇਂ ਤੇ ਸਰਕਾਰ ਵਲੋਂ ਜਾਰੀ ਹਦਾਇਤਾਂ ਜਿਵੇਂ ਕਿ ਵਾਰ ਵਾਰ ਹੱਥ ਧੋਣਾ, 1 ਮੀਟਰ ਸਮਾਜਿਕ ਦੂਰੀ, ਛਿੱਕਦੇ-ਖੰਘਦੇ ਸਮੇਂ ਰੁਮਾਲ ਦੀ ਵਰਤੋਂ, ਬਿਮਾਰੀ ਦੇ ਲੱਛਣਾਂ ਪ੍ਰਤੀ ਚੌਕਸੀ ਅਤੇ ਜਨਤਕ ਥਾਂਵਾਂ 'ਤੇ ਥੁੱਕਣ ਦੀ ਮਨਾਹੀ ਆਦਿ ਦੀ ਵੀ ਪਾਲਣਾ ਯਕੀਨੀ ਬਣਾਈ ਜਾਵੇ। ਦੁਕਾਨ ਮਾਲਕ ਵੱਲੋਂ ਗ੍ਰਾਹਕਾਂ ਨੂੰ ਡਿਜੀਟਲ ਪੇਮੈਂਟ ਲਈ ਵੱਧ ਤੋਂ ਵੱਧ ਪ੍ਰੇਰਿਤ ਕੀਤਾ ਜਾਵੇ ਅਤੇ ਜੇਕਰ ਨਕਦੀ ਲਈ ਜਾਂਦੀ ਹੈ ਤਾਂ ਨਕਦੀ ਲੈਣ ਤੋਂ ਪਹਿਲਾਂ ਅਤੇ ਬਾਅਦ ਵਿੱਚ ਵੀ ਸਟਾਫ਼ ਤੇ ਗ੍ਰਾਹਕ ਵੱਲੋਂ ਹੱਥ ਸੈਨੇਟਾਈਜ਼ ਕੀਤੇ ਜਾਣੇ।

ਸਿਵਲ ਸਰਜਨ ਨੇ ਅੱਗੇ ਦੱਸਿਆ ਕਿ ਦੁਕਾਨ ਦੇ ਆਮ ਵਰਤੋਂ ਵਾਲੇ ਖ਼ੇਤਰ ਨੂੰ ਹਰੇਕ 2-3 ਘੰਟਿਆਂ ਬਾਅਦ ਸਾਫ਼ ਕੀਤਾ ਜਾਵੇ ਅਤੇ ਫਰਸ਼ 1% ਸੋਡੀਅਮ ਹਾਈਪੋਕਲੋਰਾਈਟ ਜਾਂ ਇਸ ਵਰਗੇ ਹੋਰ ਰੋਗਾਣੂ ਮਾਰੂ ਪਦਾਰਥ ਨਾਲ ਸਾਫ਼ ਕੀਤੀ ਜਾਵੇ। ਫਰਨੀਚਰ ਅਤੇ ਵਾਰ ਵਾਰ ਛੂਹੇ ਜਾਣ ਵਾਲਾ ਸਮਾਨ ਵਾਰ ਵਾਰ ਸੈਨੇਟਾਈਜ਼ ਕੀਤਾ ਜਾਵੇ। ਕੈਂਚੀ, ਉਸਤਰਾ, ਕੰਘੇ ਅਤੇ ਸਟਾਈਲਿੰਗ ਉਪਕਰਨ ਆਦਿ ਹਰੇਕ ਵਰਤੋਂ ਤੋਂ ਬਾਅਦ 1% ਸੋਡੀਅਮ ਹਾਈਪੋਕਲੋਰਾਈਟ ਨਾਲ ਸਾਫ਼ ਕਰੇ ਜਾਣ। ਜਾਮਾ, ਤੌਲੀਏ ਆਦਿ ਸਬੰਧਤ ਆਈਟਮਜ਼ ਸਾਫ਼ ਹੋਣ ਅਤੇ ਨਿਯਮਤ ਤੌਰ ਤੇ ਧੋਅ ਲਈਆਂ ਜਾਣ ਅਤੇ ਇਕ ਤੋਂ ਵੱਧ ਗ੍ਰਾਹਕ ਲਈ ਇਹਨਾਂ ਦੀ ਵਾਰ ਵਾਰ ਵਰਤੋਂ ਨਾ ਕੀਤੀ ਜਾਵੇ।

------------------------------